ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਪ੍ਰਵਾਸੀ ਕਾਮਿਆਂ ਦੀ ਘਰ ਵਾਪਸੀ ਤੋਂ ਪਹਿਲਾਂ ਉਨ੍ਹਾਂ ਦੀ ਮੈਡੀਕਲ ਜਾਂਚ ਸ਼ੁਰੂ

ਬਠਿੰਡਾ 7 ਮਈ ( ) ਪੰਜਾਬ ਸਰਕਾਰ ਵੱਲੋਂ ਜਾਰੀ ਹੁਕਮਾਂ ਤਹਿਤ ਡਿਪਟੀ ਕਮਿਸਨਰ ਬਠਿੰਡਾ ਬੀ ਸ੍ਰੀ ਨਿਵਾਸਨ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ ਅਮਰੀਕ ਸਿੰਘ ਸੰਧੂ ਦੀ ਦੇਖ ਰੇਖ ਹੇਠ ਆਪਣੇ ਰਾਜਾਂ ਨੂੰ ਜਾ ਰਹੀ ਪ੍ਰਵਾਸੀ ਲੇਬਰ ਦੀ ਮੈਡੀਕਲ ਜਾਂਚ ਕਰਨ ਲਈ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਰਵਾਨਾ ਕੀਤਾ ਗਿਆ । ਇਸ ਮੌਕੇ ਡਾ ਸੰਧੂ ਨੇ ਦੱਸਿਆ ਕਿ ਜਿਹੜੀ ਪ੍ਰਵਾਸੀ ਲੇਬਰ ਟਰੇਨ ਰਸਤੇ ਆਪਣੇ ਘਰਾਂ ਨੂੰ ਪਰਤ ਰਹੀ ਹੈ, ਉਨ੍ਹਾਂ ਦੀ ਰਵਾਨਗੀ ਤੋਂ ਪਹਿਲਾਂ ਸਿਹਤ ਵਿਭਾਗ ਦੀਆਂ ਗਠਿਤ ਟੀਮਾਂ ਵੱਲੋਂ ਮੈਡੀਕਲ ਜਾਂਚ ਉਪਰੰਤ ਮੌਕੇ ਤੇ ਹੀ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ, ਪ੍ਰਵਾਸੀ ਲੇਬਰ ਦੀ ਜਾਂਚ ਲਈ ਕੁੱਲ ਤਿੰਨ ਥਾਵਾਂ ਤੇ ਦੋ-ਦੋ ਟੀਮਾਂ ਲਗਾਈਆਂ ਗਈਆਂ ਹਨ। ਇਸ ਮੌਕੇ ਸਿਵਲ ਸਰਜਨ ਡਾ ਅਮਰੀਕ ਸਿੰਘ ਸੰਧੂ ਵੱਲੋਂ ਟੀਮਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਸਾਡਾ ਸਭ ਦਾ ਧਰਮ ਮਾਨਵ ਸੇਵਾ ਹੈ। ਪ੍ਰਵਾਸੀ ਲੇਬਰ ਦੀ ਸਕਰੀਨਿੰਗ ਦੌਰਾਨ ਆਪਣੀ ਡਿਊਟੀ ਬੜੇ ਹੀ ਸੰਜੀਦਾ ਹੋ ਕੇ ਨਿਭਾਈ ਜਾਵੇ, ਚੈਕਅੱਪ ਸਮੇਂ ਪ੍ਰਵਾਸੀ ਲੇਬਰ ਨੂੰ ਮਾਸਕ ਲਗਾ ਕੇ ਰੱਖਣ, ਸੋਸ਼ਲ ਡਿਸਟੈਂਸ ਦੀ ਪਾਲਣਾ ਕਰਨ ਅਤੇ ਹੱਥ ਧੋਣ ਬਾਰੇ ਵੀ ਸਿਹਤ ਸਿੱਖਿਆ ਦਿੱਤੀ ਜਾਵੇ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾਕਟਰ ਕੁੰਦਨ ਕੁਮਾਰ ਪਾਲ ਅਤੇ ਅਰਬਨ ਨੋਡਲ ਅਫਸਰ ਡਾਕਟਰ ਪਾਮਿਲ ਬਾਂਸਲ ਅਤੇ ਮਾਸ ਮੀਡੀਆ ਟੀਮ ਦੇ ਨੁਮਾਇੰਦੇ ਵੀ ਹਾਜਰ ਸਨ ।

I/22857/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਵੱਖ ਵੱਖ ਏਜੰਸੀਆਂ ਨੇ ਕੀਤੀ 8.01ਲੱਖ ਟਨ ਕਣਕ ਦੀ ਖਰੀਦ

1248 ਕਰੋੜ ਰੁਪਏ ਦੀ ਹੋ ਚੁੱਕੀ ਹੈ ਕਿਸਾਨਾਂ ਨੂੰ ਅਦਾਇਗੀ

ਬਠਿੰਡਾ, 7 ਮਈ-ਬਠਿੰਡਾ ਜ਼ਿਲ੍ਹੇ ਵਿਚ ਹੁਣ ਤੱਕ ਵੱਖ ਵੱਖ ਏਜੰਸੀਆਂ 8. 01 ਲੱਖ ਟਨ ਕਣਕ ਦੀ ਖਰੀਦ ਕਰ ਚੁੱਕੀਆਂ ਹਨ। ਇਸ ਤੋਂ ਇਲਾਵਾ ਬਿਨਾਂ ਕਿਸੇ ਸਮੱਸਿਆਂ ਦੇ 1248 ਕਰੋੜ ਰੁਪਏ ਦੀ ਅਦਾਇਗੀ ਵੀ ਕਿਸਾਨਾਂ ਨੂੰ ਹੋ ਚੁੱਕੀ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਰੀਆਂ ਏਜੰਸੀਆਂ ਤੇਜੀ ਨਾਲ ਖਰੀਦ ਕਰਨ ਦੇ ਨਾਲ-ਨਾਲ ਕਿਸਾਨਾਂ ਨੂੰ ਅਦਾਇਗੀ ਵੀ ਕਰ ਰਹੀਆਂ ਹਨ। ਉਹਨਾਂ ਇਹ ਵੀ ਕਿਹਾ ਕਿ ਕਿਸਾਨਾਂ ਨੂੰ ਭਵਿੱਖ ਵਿਚ ਵੀ ਅਦਾਇਗੀ ਸਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਪਨਗ੍ਰੇਨ ਨੇ ਹੁਣ ਤੱਕ 222775 ਮੀਟ੍ਰਿਕ ਟਨ, ਮਾਰਕਫੈਡ ਨੇ 206038 ਮੀਟ੍ਰਿਕ ਟਨ, ਪਨਸਪ ਨੇ 182573 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 125250 ਅਤੇ ਭਾਰਤੀ ਖੁਰਾਕ ਨਿਗਮ ਨੇ 59554 ਮੀਟ੍ਰਿਕ ਟਲ ਅਤੇ ਨਿੱਜੀ ਵਪਾਰੀਆਂ ਨੇ 905 ਟਨ ਕਣਕ ਦੀ ਖਰੀਦ ਕੀਤੀ ਹੈ। ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਮੰਡੀਆਂ ਵਿਚ ਸਾਰੇ ਪ੍ਰਬੰਧ ਮੁਕੰਮਲ ਹਨ ਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

I/22854/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

2 ਹੋਰ ਪਾਜਿਟਿਵ ਰਿਪੋਰਟਾਂ ਆਉਣ ਨਾਲ ਜ਼ਿਲ੍ਹੇ ਵਿਚ ਕਰੋਨਾ ਨਾਲ ਲੜ ਰਹੇ ਲੋਕਾਂ ਦੀ ਗਿਣਤੀ 39 ਹੋਈ

ਬਠਿੰਡਾ, 7 ਮਈ ( ) ਬੀਤੀ ਰਾਤ 76 ਹੋਰ ਕਰੋਨਾ ਸਬੰਧੀ ਰਿਪੋਟਾਂ ਪ੍ਰਾਪਤ ਹੋਈਆਂ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ।ਉਨ੍ਹਾਂ ਨੇ ਦੱਸਿਆ ਕਿ ਇੰਨ੍ਹਾਂ ਵਿਚੋਂ 74 ਦੀ ਰਿਪੋਰਟ ਨੈਗੇਟਿਵ ਅਤੇ 2 ਦੀ ਰਿਪੋਰਟ ਪਾਜਿਟਿਵ ਆਈ ਹੈ। ਇਸ ਨਾਲ ਜ਼ਿਲ੍ਹੇ ਵਿਚ ਕਰੋਨਾ ਖਿਲਾਫ ਲੜ ਰਹੇ ਲੋਕਾਂ ਦੀ ਗਿਣਤੀ ਵੱਧ ਕੇ 39 ਹੋ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿੰਨ੍ਹਾਂ ਦੋ ਦੀ ਰਿਪੋਰਟ ਪਾਜਿਟਵ ਆਈ ਹੈ ਉਨ੍ਹਾਂ ਵਿਚੋਂ ਇਕ ਜੈਸਮਲੇਰ ਤੋਂ ਪਰਤਿਆ ਸੀ ਜਦ ਕਿ ਦੂਸਰਾ ਪੁਲਿਸ ਮੁਲਾਜਮ ਹੈ ਜ਼ੋ ਕਿ ਰਾਜਸਥਾਨ ਦੇ ਕੋਟਾ ਵਿਚ ਵਿਦਿਆਰਥੀਆਂ ਦੀਆਂ ਬੱਸਾਂ ਲੈਣ ਲਈ ਗਿਆ ਸੀ। ਉਨਾਂ੍ਹ ਨੇ ਸਪੱਸ਼ਟ ਕੀਤਾ ਕਿ ਦੋਨੋਂ ਮਰੀਜ ਪੰਜਾਬ ਵਿਚ ਦਾਖਲ ਹੋਣ ਤੋਂ ਹੀ ਇਕਾਂਤਵਾਸ ਵਿਚ ਸਨ ਅਤੇ ਇੰਨ੍ਹਾਂ ਦਾ ਕੋਈ ਸਥਾਨਕ ਸੰਪਰਕ ਨਹੀਂ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਜਿੰ੍ਹਨਾਂ ਦੇ ਸੈਂਪਲ ਪਾਜਿਟਿਵ ਆਏ ਸਨ ਉਹ ਸਾਰੇ ਪੰਜਾਬ ਤੋਂ ਬਾਹਰ ਤੋਂ ਪਰਤੇ ਸਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਵਿਚ 1174 ਲੋਕਾਂ ਦੇ ਨਮੂਨਿਆਂ ਦੀ ਰਿਪੋਰਟ ਨੈਗੇਟਿਗ ਆਈ ਹੈ ਅਤੇ 137 ਦੀ ਰਿਪੋਟ ਉਡੀਕੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਦੂਰੀ ਦਾ ਖਿਆਲ ਰੱਖਣ ਅਤੇ ਭੀੜ ਜਾਂ ਇੱਕਠ ਦਾ ਹਿੱਸਾ ਨਾ ਬਣਨ ਅਤੇ ਹਮੇਸਾ ਮਾਸਕ ਪਹਿਣ ਕੇ ਰੱਖਣ ਅਤੇ ਵਾਰ ਵਾਰ ਹੱਥ ਧੋਂਦੇ ਰਹਿਣ।

I/22850/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਵਿਚ ਦੁਕਾਨਾਂ ਖੁੱਲਣ ਸਬੰਧੀ ਨਵੀਂ ਸਮਾਂ ਸਾਰਣੀ ਜਾਰੀ-ਜ਼ਿਲ੍ਹਾ ਮੈਜਿਸਟ੍ਰੇਟ

-ਦੁਕਾਨਾਂ ਖੁਲਣ ਦਾ ਸਮਾਂ 7 ਤੋਂ 3 ਵਜੇ ਤੱਕ

-ਵੱਖ ਵੱਖ ਪ੍ਰਕਾਰ ਦੀਆਂ ਦੁਕਾਨਾਂ ਖੁਲਣ ਲਈ ਦਿਨ ਨਿਰਧਾਰਤ ਕੀਤੇ

ਬਠਿੰਡਾ, 7 ਮਈ :

ਬਠਿੰਡਾ ਜ਼ਿਲੇ ਵਿਚ ਦੁਕਾਨਾਂ ਖੋਲਣ ਸਬੰਧੀ ਪੁਰਾਣੇ ਹੁਕਮਾਂ ਵਿਚ ਸੋਧ ਕਰਦਿਆਂ ਜ਼ਿਲ੍ਹਾ ਮੈਜਿਸਟੇ੍ਰਟ ਨੇ ਨਵੇਂ ਹੁਕਮ ਜਾਰੀ ਕੀਤੇ ਹਨ। ਜ਼ਿਲਾ ਮੈਜਿਸਟ੍ਰੇਟ ਸ੍ਰੀ ਬੀ.ਸ੍ਰੀਨਿਵਾਸਨ ਵਲੋਂ ਜਾਰੀ ਨਵੇਂ ਹੁਕਮਾਂ ਅਨੁਸਾਰ ਹੁਣ ਦੁਕਾਨਾਂ ਸਵੇਰੇ 7 ਤੋਂ ਬਾਅਦ ਦੁਪਹਿਰ 3 ਵਜੇ ਤੱਕ ਖੁੱਲਣਗੀਆਂ ਅਤੇ ਵੱਖ ਵੱਖ ਸ਼੍ਰੇਣੀ ਦੀਆਂ ਦੁਕਾਨਾਂ ਦੇ ਖੁਲਣ ਲਈ ਵੱਖਰੇ ਵੱਖਰੇ ਦਿਨ ਨਿਰਧਾਰਿਤ ਕੀਤੇ ਗਏ ਹਨ।

ਜਿਲ੍ਹਾ ਮੈਜਿਸਟੇ੍ਰਟ ਸ੍ਰੀ ਬੀ.ਸ੍ਰੀਨਿਵਾਸਨ ਨੇ ਦੱਸਿਆ ਕਿ ਮੈਡੀਕਲ ਸਟੋਰ (ਹੋਲ ਸੇਲ ਅਤੇ ਰੀਟੇਲ), ਲੈਬੋਟਰੀਜ਼ ਅਤੇ ਡਾਇਗਨੋਸਟਿਕ ਸੈਂਟਰ ਸੋਮਵਾਰ ਤੋਂ ਐਤਵਾਰ ਪੂਰਾ ਹਫ਼ਤਾ ਖੁੱਲਣਗੇ। ਇਸੇ ਤਰਾਂ ਡੇਅਰੀ, ਮਿਲਕ ਚਿਲਿੰਗ/ਕੁਲੈਕਸ਼ਨ ਸੈਂਟਰ, ਸਬਜ਼ੀ ਦੀਆਂ ਦੁਕਾਨਾਂ, ਪਸ਼ੂਆਂ ਦੇ ਚਾਰੇ, ਪੋਲਟਰੀ ਦਾ ਚਾਰਾ, ਬੀਜ਼ਾਂ ਅਤੇ ਕੀਟਨਾਸ਼ਕਾਂ

ਦੀਆਂ ਦੁਕਾਨਾਂ, ਖੇਤੀਬਾੜੀ ਦੇ ਸਮਾਨ ਦੀਆਂ ਦੁਕਾਨਾਂ ਅਤੇ ਪੋਲਟਰੀ ਸਬੰਧੀ ਦੁਕਾਨਾਂ ਸੋਮਵਾਰ ਤੋਂ ਸ਼ਨੀਵਾਰ ਤੱਕ ਹਫ਼ਤੇ ਵਿਚ 6 ਦਿਨ ਖੁੱਲਣਗੀਆਂ। ਕਰਿਆਣਾ ਸਟੋਰ ਅਤੇ ਬੇਕਰੀ ਸੋਮਵਾਰ ਤੋਂ ਵੀਰਵਾਰ ਤੱਕ ਹੀ ਹਫ਼ਤੇ ਵਿਚ ਸਿਰਫ 4 ਦਿਨ ਖੁੱਲਿਆ ਕਰਨਗੇ। ਇਲੈਕਟ੍ਰਾਨਿਕਸ ਦੀਆਂ ਦੁਕਾਨਾਂ ਸਮੇਤ ਮੋਬਾਇਲ ਦੀਆਂ ਦੁਕਾਨਾਂ ਤੇ ਮੋਬਾਇਲ ਸਟੋਰ, ਆਪਟੀਕਲ ਸਟੋਰ, ਸਪੇਅਰ ਪਾਰਸ ਅਤੇ ਮੋਬਾਇਲ ਆਇਲ ਦੀਆਂ ਦੁਕਾਨਾਂ, ਟਾਇਰਾਂ ਦੀਆਂ ਦੁਕਾਨਾਂ ਅਤੇ ਬਰਤਨਾਂ ਦੀ ਦੁਕਾਨਾਂ ਮੰਗਲਵਾਰ ਅਤੇ ਬੁੱਧਵਾਰ ਨੂੰ ਹਫ਼ਤੇ ਵਿਚ ਕੇਵਲ 2 ਦਿਨ ਹੀ ਖੁੱਲਣਗੀਆਂ।

ਜ਼ਿਲਾ ਮੈਜਿਸਟ੍ਰੇਟ ਨੇ ਅੱਗੇ ਦੱਸਿਆ ਕਿ ਹਾਰਡਵੇਅਰ, ਪਲਾਈਵੁੱਡ, ਸ਼ਟਰਿੰਗ ਸਟੋਰ, ਪੇਂਟਸ ਸਟੋਰ, ਆਇਰਨ, ਰੇਤ, ਬਜ਼ਰੀ ਸਟੋਰ, ਸੀਮਿੰਟ ਦੀਆਂ ਦੁਕਾਨਾਂ, ਸੈਨੇਟਰੀ ਦੀਆਂ ਦੁਕਾਨਾਂ, ਇਲੈਕਟਰੀਕਲਜ਼ (ਬਿਜਲੀ) ਦੀਆਂ ਦੁਕਾਨਾਂ ਸੋਮਵਾਰ ਅਤੇ ਵੀਰਵਾਰ ਹਫਤੇ ਵਿਚ ਕੇਵਲ 2 ਦਿਨ ਹੀ ਖੁੱਲਣਗੀਆਂ। ਇਸੇ ਤਰਾਂ ਬਾਕੀ ਵਰਜਿਤ ਦੁਕਾਨਾਂ ਦੀ ਸ਼੍ਰੇਣੀ ਤੋਂ ਬਿਨ੍ਹਾਂ ਦੀਆਂ ਅਤੇ ਉਪਰੋਕਤ ਤੋਂ ਬਿਨ੍ਹਾਂ ਦੀਆਂ ਦੁਕਾਨਾਂ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਹਫ਼ਤੇ ਵਿਚ ਕੇਵਲ 2 ਦਿਨ ਹੀ ਖੁੱਲਣਗੀਆਂ।

ਇਸ ਤੋਂ ਬਿਨ੍ਹਾਂ ਜ਼ਿਲ੍ਹਾਂ ਮੈਜਿਸਟ੍ਰੇਟ ਨੇ ਦੱਸਿਆ ਕਿ ਸਾਰੇ ਮਾਲਜ਼,ਢਾਬੇ, ਰੈਸਟੋਰੈਂਟ, ਹੋਟਲ, ਕਲੱਬ, ਇਟਿੰਗ ਪੁਆਇੰਟ, ਜਿੰਮ, ਸਵੀਮਿੰਗ ਪੂਲ, ਬਾਰਬਰ ਸ਼ਾਪ, ਬਿਊਟੀ ਸਲੂਨ, ਥਿਏਟਰ, ਇੰਟਰਟੇਨਮੈਂਟ ਪਾਰਕ, ਹੋਸਪਟਿਲੀਟੀ ਸਰਵਿਸਜ਼, ਸਪੋਰਟਸ ਕੰਪਲੈਕਸ, ਬਾਰ ਇਸ ਦੌਰਾਨ ਪਹਿਲਾਂ ਦੀ ਤਰਾਂ ਬੰਦ ਰਹਿਣਗੇ।

ਸੁਪਰ ਸਟੋਰ ਜਿਵੇਂ ਰਿਲਾਇੰਸ ਬਿੱਗ ਬਜਾਰ, ਬੈਸਟ ਪ੍ਰਾਈਸ, ਇਜੀ ਡੇਅ, ਵਿਸ਼ਾਲ ਮੈਗਾ ਮਾਰਟ ਆਦਿ ਇਸ ਸਮੇਂ ਦੌਰਾਨ ਬੰਦ ਰਹਿਣਗੇ ਪ੍ਰੰਤੂ ਹੋਮ ਡਲੀਵਰੀ ਰਾਹੀਂ ਜਰੂਰੀ ਵਸਤਾਂ ਸਪਲਾਈ ਕਰ ਸਕਦੇ ਹਨ।

ਉਨਾਂ ਸਪੱਸ਼ਟ ਕੀਤਾ ਕਿ ਦੁਕਾਨਾਂ ਖੁੱਲਣ ਦਾ ਸਮਾਂ ਸਵੇਰੇ 7 ਤੋਂ ਬਾਅਦ ਦੁਪਹਿਰ 3 ਵਜੇ ਤੱਕ ਹੀ ਹੋਵੇਗਾ ਅਤੇ ਨਿਰਧਾਰਿਤ ਦਿਨ ਨੂੰ ਹੀ ਸਬੰਧਤ ਦੁਕਾਨ ਖੋਲੀ ਜਾ ਸਕੇਗੀ। ਉਨਾਂ ਦੱਸਿਆ ਕਿ ਐਤਵਾਰ ਵਾਲੇ ਦਿਨ ਪੂਰਾ ਬਜ਼ਾਰ ਬੰਦ ਰਹੇਗਾ ਤਾਂ ਜੋ ਸ਼ਹਿਰ ਨੂੰ ਪੂਰੀ ਤਰਾਂ ਸੈਨੀਟਾਈਜ਼ ਕੀਤਾ ਜਾ ਸਕੇ।

ਇਸ ਸਬੰਧੀ ਹੋਰ ਹਦਾਇਤਾਂ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਆਮ ਲੋਕ ਕੇਵਲ ਸਵੇਰੇ 7 ਤੋਂ 3 ਵਜੇ ਤੱਕ ਹੀ ਦੁਕਾਨਾਂ ਤੋਂ ਖਰੀਦਦਾਰੀ ਕਰ ਸਕਣਗੇ ਅਤੇ ਇਸ ਤੋਂ ਬਾਅਦ ਸਭ ਨੂੰ ਘਰਾਂ ਅੰਦਰ ਜਾਣਾ ਹੋਵੇਗਾ।ਘਰ ਤੋਂ ਬਾਹਰ ਆਉਣ ਸਮੇਂ ਮਾਸਕ ਲਾਜ਼ਮੀ ਪਾਓ ਅਤੇ ਦਸਤਾਨੇ, ਹੱਥ ਧੋਣ ਅਤੇ ਸੈਨੇਟਾਈਜਰ ਦੀ ਵਰਤੋਂ ਅਤੇ ਆਪਸੀ ਦੂਰੀ ਦਾ ਹਰ ਕੋਈ ਖਿਆਲ ਰੱਖੇ।

ਕਿਸੇ ਨੂੰ ਵੀ ਬੇਕਰੀ ਜਾਂ ਹੋਰ ਦੁਕਾਨ ਤੇ ਬੈਠਕੇ ਖਾਣਾ ਖਾਣ ਦੀ ਆਗਿਆ ਨਹੀਂ ਹੋਵੇਗੀ ਅਤੇ ਖਰੀਦਦਾਰੀ ਕਰਕੇ ਤੁਰੰਤ ਘਰ ਮੁੜ ਜਾਓ। ਦੁਕਾਨਦਾਰਾਂ ਨੂੰ ਅਪੀਲ ਹੈ ਕਿ ਉਹ ਇਸ ਸਮੇਂ ਘਰੋ ਘਰੀ ਸਪਲਾਈ ਨੂੰ ਉਤਸਾਹਿਤ ਕਰਨ। ਦੁਕਾਨਦਾਰ ਆਪਣੀਆਂ ਦੁਕਾਨਾਂ ਬਾਹਰ 1 ਮੀਟਰ ਦੇ ਵਕਫੇ ਤੇ ਸਰਕਲ ਲਗਾਉਣਗੇ ਤਾਂ ਜ਼ੋ ਗ੍ਰਾਹਕਾਂ ਵਿਚ ਸਮਾਜਿਕ ਦੂਰੀ ਬਣਾਈ ਰੱਖੀ ਜਾ ਸਕੇ। ਦੁਕਾਨਦਾਰ ਇਹ ਵੀ ਯਕੀਨੀ ਬਣਾਉਣਗੇ ਕਿ ਉਨ੍ਹਾਂ ਨੇ ਖੁਦ ਤੇ ਸਟਾਫ ਨੇ ਮਾਸਕ ਪਾਇਆ ਹੋਵੇ ਅਤੇ ਉਹ ਅਜਿਹੇ ਕਿਸੇ ਵਿਅਕਤੀ ਨੂੰ ਸਮਾਨ ਨਹੀਂ ਵੇਚਣਗੇ ਜਿਸ ਨੇ ਮਾਸਕ ਨਾ ਪਾਇਆ ਹੋਵੇ।

ਹਰੇਕ ਦੁਕਾਨਦਾਰ ਹੈਂਡ ਸਾਇਨੇਟਾਇਜਰ ਰੱਖੇਗਾ ਤਾਂ ਜ਼ੋ ਦੁਕਾਨ ਵਿਚ ਆਉਣ ਵਾਲਾ ਹਰ ਗ੍ਰਾਹਕ ਤੇ ਦੁਕਾਨਦਾਰ ਇਸ ਨਾਲ ਹੱਥ ਸਾਫ ਕਰ ਸਕੇ। ਕੋਈ ਵੀ ਗ੍ਰਾਹਕ ਦੁਕਾਨ ਵਿਚ ਰੱਖੀ ਕਿਸੇ ਵਸਤ ਜਾਂ ਹੋਰ ਚੀਜ ਨੂੰ ਛੂਹੇ ਨਾ।ਦੁਕਾਨਦਾਰ ਗ੍ਰਾਹਕ ਨੂੰ ਡਿਜਟਿਲ ਤਰੀਕੇ ਨਾਲ ਭੁਗਤਾਨ ਕਰਨ ਲਈ ਉਤਸਾਹਿਤ ਕਰੇ।ਨਗਦੀ ਦੇ ਭੁਗਤਾਨ ਬਾਅਦ ਗ੍ਰਾਹਕ ਅਤੇ

ਦੁਕਾਨਦਾਰ ਦੋਨੋਂ ਹੱਥ ਅਲਕੋਹਲ ਵਾਲੇ ਸੈਨੇਟਾਈਜਰ ਨਾਲ ਸਾਫ ਕਰਨ। ਗ੍ਰਾਹਕ ਘਰ ਤੋਂ ਕਪੜੇ ਦੇ ਬੈਗ ਲੈ ਕੇ ਜਾਣ ਅਤੇ ਇੰਨ੍ਹਾਂ ਨੂੰ ਬਾਅਦ ਵਿਚ ਸਾਬਣ ਸੋਡੇ ਤੇ ਗਰਮ ਪਾਣੀ ਨਾਲ ਧੋ ਲਿਆ ਜਾਵੇ। ਇੰਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇਸੇ ਤਰਾਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਕਾਰਜਕਾਰੀ ਮੈਜਿਸਟ੍ਰੇਟਾਂ ਨੂੰ ਵੀ ਨਿਰਦੇਸ਼ ਦਿੱਤੇ ਹਨ ਕਿ ਉਹ ਇਸ ਸਮੇਂ ਦੌਰਾਨ ਯਕੀਨੀ ਬਣਾਉਣਗੇ ਕਿ ਨਿਯਮਾਂ ਅਤੇ ਹੁਕਮਾਂ ਦਾ ਕੋਈ ਉਲੰਘਣ ਨਾ ਕਰੇ ਅਤੇ ਜਿਸ ਨੇ ਵੀ ਉਲੰਘਣ ਕੀਤਾ ਉਸ ਖਿਲਾਫ ਸ਼ਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।